AQA

A-level

# PANJABI

Paper 3 Listening, Reading and Writing

# Insert

Section C for use with Question 06

**Materials**
- Listening material
- Combined Question Paper/Answer Booklet

**Instructions**
- Listen to the recording provided and read the text in this Insert.
- Make notes in this booklet in the spaces provided on both the recording and the reading text. Use these notes to respond to the essay title in the combined Question Paper/Answer Booklet. (Section C Question 06)

**Information**
The notes you write in this booklet will not be marked but must be included with your essay.

G/TI/7682/3/Jun25/G4002/V1

## Listening

Make your notes below on the key points of the recording.

## Reading

ਤੁਸੀਂ ਪੰਜਾਬ ਦੀਆਂ ਰਾਜਨੀਤਕ ਪਾਰਟੀਆਂ ਦੇ ਇਤਿਹਾਸ ਬਾਰੇ ਇੱਕ ਪੰਜਾਬੀ ਬਲੌਗ ਦਾ ਸਾਰ ਪੜ੍ਹਦੇ ਹੋ।

### ਪੰਜਾਬ ਦੀਆਂ ਰਾਜਨੀਤਕ ਪਾਰਟੀਆਂ

ਪੰਜਾਬ ਦੀਆਂ ਰਾਜਨੀਤਕ ਪਾਰਟੀਆਂ ਤੇ ਧਾਰਮਿਕ, ਸਮਾਜਿਕ, ਆਰਥਿਕ ਅਤੇ ਇਤਿਹਾਸਕ ਤੱਤਾਂ ਦਾ ਡੂੰਘਾ ਪ੍ਰਭਾਵ ਹੈ। ਪੰਜਾਬ ਦੇ ਰਾਜਨੀਤਕ ਸਫਰ ਨੂੰ ਭਿੰਨ-ਭਿੰਨ ਸ਼ਕਤੀਆਂ ਗਤੀਸ਼ੀਲ ਕਰਦੀਆਂ ਰਹੀਆਂ ਹਨ, ਜਿਵੇਂ ਕਿ ਆਜ਼ਾਦੀ ਤੋਂ ਪਹਿਲਾਂ ਦੇ ਸੰਘਰਸ਼ ਅਤੇ ਵੰਡ ਤੋਂ ਬਾਅਦ ਦੀਆਂ ਰਾਜਨੀਤਕ ਚੁਣੌਤੀਆਂ ਆਦਿ। ਖੇਤਰੀ ਅਤੇ ਰਾਸ਼ਟਰੀ ਪਾਰਟੀਆਂ ਦੀ ਸਹਿ-ਹੋਂਦ ਅਤੇ ਪੰਜਾਬ ਦੇ ਮੁੱਦਿਆਂ ਤੇ ਆਧਾਰਿਤ ਰਾਜਨੀਤਕ ਸੋਚ ਪੰਜਾਬ ਨੂੰ ਇੱਕ ਸੰਵੇਦਨਸ਼ੀਲ ਅਤੇ ਵਿਕਾਸਸ਼ੀਲ ਰਾਜਨੀਤਕ ਅਖਾੜਾ ਬਣਾਉਂਦੀ ਹੈ। ਪੰਜਾਬ ਦੀ ਰਾਜਨੀਤੀ ਨੂੰ ਪੂਰੀ ਤਰ੍ਹਾਂ ਸਮਝਣ ਲਈ ਪੰਜਾਬ ਦੀ ਰਾਜਨੀਤੀ ਨੂੰ ਪ੍ਰਭਾਵਿਤ ਕਰਨ ਵਾਲੀਆਂ ਪਾਰਟੀਆਂ ਦਾ ਜ਼ਿਕਰ ਕਰਨਾ ਅਤਿ-ਜ਼ਰੂਰੀ ਹੈ।

ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਰਾਜਨੀਤੀ ਨੂੰ ਸਭ ਤੋਂ ਵੱਧ ਪ੍ਰਭਾਵਿਤ ਕਰਨ ਵਾਲੀ, ਲੰਬੇ ਸਮੇਂ ਤੋਂ ਚਲੀ ਆ ਰਹੀ ਪਾਰਟੀ ਹੈ। ਇਸ ਪਾਰਟੀ ਦੇ ਅਨੁਸਾਰ, ਉਹ ਸਿੱਖਾਂ ਦੇ ਹੱਕਾਂ ਦੀ ਰਾਖੀ ਕਰਨ ਵਾਲੀ ਇੱਕੋ ਇੱਕ ਅਜਿਹੀ ਪਾਰਟੀ ਹੈ ਇਸ ਕਰਕੇ ਪੰਜਾਬ ਦੇ ਸਮਾਜਿਕ ਅਤੇ ਰਾਜਨੀਤਕ ਦ੍ਰਿਸ਼ਟੀਕੋਣ ਵਿੱਚ ਇਸ ਦਾ ਮਹੱਤਵਪੂਰਣ ਯੋਗਦਾਨ ਹੈ।

ਪੰਜਾਬ ਦੇ ਇਤਿਹਾਸ ਵਿੱਚ ਕਾਂਗਰਸ ਵੀ ਇੱਕ ਮਹੱਤਵਪੂਰਣ ਖਿਡਾਰੀ ਰਹੀ ਹੈ। ਇਸ ਦੇ ਪ੍ਰਭਾਵ ਵਿੱਚ ਉਤਰਾਅ ਚੜ੍ਹਾਅ ਵੇਖੇ ਗਏ ਹਨ ਪਰ ਕਾਂਗਰਸ ਨੇ ਖਾਸ ਕਰਕੇ ਆਜ਼ਾਦੀ ਤੋਂ ਬਾਅਦ ਦੇ ਪੰਜਾਬ ਵਿੱਚ ਰਾਜਨੀਤੀ ਨੂੰ ਗਤੀਸ਼ੀਲਤਾ ਦੇਣ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਈ ਹੈ।

ਆਮ ਆਦਮੀ ਪਾਰਟੀ (ਆਪ) ਨੇ ਹਾਲ ਹੀ ਦੇ ਸਾਲਾਂ ਵਿੱਚ ਵੱਡੀ ਗਿਣਤੀ ਵਿੱਚ ਵੋਟਾਂ ਪ੍ਰਾਪਤ ਕਰਕੇ ਪੰਜਾਬ ਦੀ ਰਾਜਨੀਤੀ ਨੂੰ ਕਾਫੀ ਪ੍ਰਭਾਵਿਤ ਕੀਤਾ ਹੈ। 'ਆਪ' ਨੇ ਰਾਜਨੀਤੀ ਵਿੱਚ ਪ੍ਰਵੇਸ਼ ਕਰਕੇ ਰਵਾਇਤੀ ਰਾਜਨੀਤਕ ਦ੍ਰਿਸ਼ਟੀਕੋਣ ਵਿੱਚ ਇੱਕ ਤਬਦੀਲੀ ਲਿਆਉਣ ਦਾ ਸੰਕੇਤ ਹੀ ਨਹੀਂ ਦਿੱਤਾ ਬਲਕਿ ਪਹਿਲਾਂ ਤੋਂ ਸਥਾਪਿਤ ਪਾਰਟੀਆਂ ਨੂੰ ਇੱਕ ਵੱਡੀ ਚੁਣੌਤੀ ਵੀ ਦਿੱਤੀ ਹੈ।

ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਵੀ ਪੰਜਾਬ ਦੀ ਰਾਜਨੀਤੀ ਨੂੰ ਢਾਲਣ ਵਿੱਚ ਮਹੱਤਵਪੂਰਣ ਯੋਗਦਾਨ ਪਾਇਆ ਹੈ ਭਾਵੇਂ ਇਸ ਦਾ ਪ੍ਰਭਾਵ ਪੰਜਾਬ ਨਾਲੋਂ ਰਾਸ਼ਟਰੀ ਪੱਧਰ ਤੇ ਵਧੇਰੇ ਵਿਖਾਈ ਦਿੰਦਾ ਹੈ। ਪੰਜਾਬ ਵਿੱਚ, ਭਾਜਪਾ ਗੱਠਜੋੜਾਂ ਦਾ ਹਿੱਸਾ ਰਹੀ ਹੈ, ਖਾਸ ਤੌਰ ਤੇ ਸ਼੍ਰੋਮਣੀ ਅਕਾਲੀ ਦਲ ਦੇ ਨਾਲ, ਇੱਕ ਗੱਠਜੋੜ ਬਣਾ ਕੇ ਇਸ ਨੇ ਪੰਜਾਬ ਦੀ ਰਾਜਨੀਤਕ ਗਤੀਸ਼ੀਲਤਾ ਨੂੰ ਪ੍ਰਭਾਵਿਤ ਕੀਤਾ ਹੈ।

ਪੰਜਾਬ ਦੀ ਰਾਜਨੀਤੀ ਤੇ ਕਮਿਊਨਿਸਟ ਪਾਰਟੀ ਦਾ ਪ੍ਰਭਾਵ ਵੀ ਅਣਗੌਲਿਆ ਨਹੀਂ ਜਾ ਸਕਦਾ। ਇਸ ਪਾਰਟੀ ਦਾ ਪ੍ਰਭਾਵ ਵੀ ਖਾਸ ਕਰਕੇ, ਖੇਤੀ ਅਤੇ ਮਜ਼ਦੂਰ ਲਹਿਰਾਂ ਦੇ ਸੰਦਰਭ ਵਿੱਚ ਮਹੱਤਵਪੂਰਣ ਰਿਹਾ ਹੈ। ਇਹ ਪਾਰਟੀ ਪੰਜਾਬ ਦੇ ਕਿਸਾਨਾਂ ਅਤੇ ਮਜ਼ਦੂਰਾਂ ਵਿੱਚ ਕਾਫੀ ਮਸ਼ਹੂਰ ਹੈ ਕਿਉਂਕਿ ਇਹ ਦਲਿਤ ਵਰਗ ਦੇ ਹੱਕਾਂ ਦੀ ਵਕਾਲਤ ਕਰਦੀ ਹੈ। ਇਹ ਪਾਰਟੀ ਪੰਜਾਬ ਦੀ ਰਾਜਨੀਤੀ ਵਿੱਚ ਸਰਗਰਮ ਰਹੀ ਹੈ ਭਾਵੇਂ ਉਹ ਰਾਜਨੀਤਕ ਲੈਂਡਸਕੇਪ ਤੇ ਕਦੇ ਵੀ ਹਾਵੀ ਨਹੀਂ ਹੋ ਸਕੀ।

## Reading

Make your notes below on the key points of the reading text.

**Copyright information**

For confidentiality purposes, all acknowledgements of third-party copyright material are published in a separate booklet. This booklet is available for free download from www.aqa.org.uk after the live examination series.

Copyright © 2025 AQA and its licensors. All rights reserved.